ਨਟ ਮਹਲਾ ੫ ॥ ਚਰਨ ਕਮਲ ਸੰਗਿ ਲਾਗੀ ਡੋਰੀ ॥ ਸੁਖ ਸਾਗਰ ਕਰਿ ਪਰਮ ਗਤਿ ਮੋਰੀ ॥ ੧॥ ਰਹਾਉ ॥ ਅੰਚਲਾ ਗਹਾਇਓ ਜਨ ਅਪੁਨੇ ਕਉ ਮਨੁ ਬੀਧੋ ਪ੍ਰੇਮ ਕੀ ਖੋਰੀ ॥ ਜਸੁ ਗਾਵਤ ਭਗਤਿ ਰਸੁ ਉਪਜਿਓ ਮਾਇਆ ਕੀ ਜਾਲੀ ਤੋਰੀ ॥੧॥ ਪੂਰਨ ਪੂਰਿ ਰਹੇ ਕਿਰਪਾ ਨਿਧਿ ਆਨ ਨ ਪੇਖਉ ਹੋਰੀ ॥ ਨਾਨਕ ਮੇਲਿ ਲੀਓ ਦਾਸੁ ਅਪੁਨਾ ਪ੍ਰੀਤਿ ਨ ਕਬਹੂ ਥੋਰੀ ॥੨॥੫॥੬॥ {ਪੰਨਾ 979}

ਪਦਅਰਥ:- ਸੰਗਿ—ਨਾਲ। ਡੋਰੀ—ਪ੍ਰੇਮ ਦੀ ਤਾਰ; ਸੁਰਤਿ ਦੀ ਡੋਰ। ਸੁਖ ਸਾਗਰ—ਹੇ ਸੁਖਾਂ ਦੇ ਸਮੁੰਦਰ! ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ। ਮੋਰੀ—ਮੇਰੀ।1। ਰਹਾਉ।

ਅੰਚਲਾ—ਪੱਲਾ। ਗਹਾਇਓ—ਫੜਾਇਆ ਹੈ। ਕਉ—ਨੂੰ। ਬੀਧੋ—ਵਿੱਝ ਗਿਆ ਹੈ। ਖੋਰੀ—ਖ਼ੁਮਾਰੀ ਵਿਚ। ਰਸੁ—ਸੁਆਦ। ਜਾਲੀ—ਫਾਹੀ। ਤੋਰੀ—ਤੋੜ ਦਿੱਤੀ ਹੈ।1।

ਪੂਰਨ—ਹੇ ਸਰਬ-ਵਿਆਪਕ! ਪੂਰਿ ਰਹੇ—ਵਿਆਪ ਰਿਹਾ ਹੈਂ। ਕਿਰਪਾ ਨਿਧਿ—ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਪੇਖਉ—ਪੇਖਉਂ, ਮੈਂ ਵੇਖਦਾ ਹਾਂ। ਹੋਰੀ—(ਤੈਥੋਂ ਬਿਨਾ) ਕਿਸੇ ਹੋਰ ਨੂੰ। ਨ ਥੋਰੀ—ਥੋੜੀ ਨਹੀਂ ਹੁੰਦੀ।2।

ਅਰਥ:- ਹੇ ਸੁਖਾਂ ਦੇ ਸਮੁੰਦਰ ਹਰੀ! ਮੇਰੀ ਆਤਮਕ ਅਵਸਥਾ ਉੱਚੀ ਬਣਾ ਦੇਹ, ਤੇਰੇ ਸੋਹਣੇ ਚਰਨਾਂ ਨਾਲ ਮੇਰੀ ਪ੍ਰੇਮ ਦੀ ਤਾਰ ਲੱਗ ਗਈ ਹੈ।1। ਰਹਾਉ।

ਹੇ ਸੁਖ-ਸਾਗਰ! ਤੂੰ ਆਪਣੇ ਸੇਵਕ ਨੂੰ ਆਪਣਾ ਪੱਲਾ ਆਪ ਫੜਾਇਆ ਹੈ, (ਤੇਰੇ ਸੇਵਕ ਦਾ) ਮਨ (ਤੇਰੇ) ਪਿਆਰ ਦੀ ਖ਼ੁਮਾਰੀ ਵਿਚ ਵਿੱਝ ਗਿਆ ਹੈ। ਤੇਰਾ ਜਸ ਗਾਂਦਿਆਂ (ਤੇਰੇ ਸੇਵਕ ਦੇ ਹਿਰਦੇ ਵਿਚ ਤੇਰੀ) ਭਗਤੀ ਦਾ (ਅਜਿਹਾ) ਸੁਆਦ ਪੈਦਾ ਹੋਇਆ ਹੈ (ਜਿਸ ਨੇ) ਮਾਇਆ ਦੀ ਫਾਹੀ ਤੋੜ ਦਿੱਤੀ ਹੈ।1।

ਹੇ ਨਾਨਕ! (ਆਖ—) ਹੇ ਸਰਬ-ਵਿਆਪਕ ਪ੍ਰਭੂ! ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਤੂੰ ਹਰ ਥਾਂ ਭਰਪੂਰ ਹੈਂ। ਮੈਂ (ਕਿਤੇ ਭੀ ਤੈਥੋਂ ਬਿਨਾ) ਕਿਸੇ ਹੋਰ ਨੂੰ ਨਹੀਂ ਵੇਖਦਾ। ਆਪਣੇ ਸੇਵਕ ਨੂੰ (ਆਪਣੇ ਚਰਨਾਂ ਵਿਚ) ਤੂੰ ਆਪ ਜੋੜ ਲਿਆ ਹੈ, (ਜਿਸ ਕਰ ਕੇ ਤੇਰੇ ਚਰਨਾਂ ਦੀ) ਪ੍ਰੀਤ (ਤੇਰੇ ਸੇਵਕ ਦੇ ਹਿਰਦੇ ਵਿਚ) ਕਦੇ ਘਟਦੀ ਨਹੀਂ।2।5।6।